ਕਪੂਰਥਲਾ ਅਜੀਤ
ਅਜੀਤ, ਜਲੰਧਰ
ਸੋਮਵਾਰ, 20 ਅਕਤੂਬਰ 2025
5






ਲਾਇਲਪੁਰ ਖ਼ਾਲਸਾ ਕਾਲਜ ਅਰਬਨ ਅਸਟੇਟ ਕਪੂਰਥਲਾ ਵਿਚ ਪ੍ਰਦੂਸ਼ਣ ਮੁਕਤ ਦੀਵਾਲੀ ਮਨਾਉਣ ਦੇ ਸੰਬੰਧ ਵਿਚ ਕਰਵਾਏ ਗਏ ਸਮਾਗਮ ਦੌਰਾਨ ਰੰਗੋਲੀ ਦੇ ਮੁਕਾਬਲੇ ਵਿਚ ਪਹਿਲਾ ਸਥਾਨ ਹਾਸਿਲ ਕਰਨ ਵਾਲੀ ਇਕ ਵਿਦਿਆਰਥਣ ਨੂੰ ਸਨਮਾਨਿਤ ਕਰਦੇ ਹੋਏ ਕਾਲਜ ਦੇ ਪ੍ਰਿੰਸੀਪਲ ਡਾ. ਬਲਦੇਵ ਸਿੰਘ ਢਿੱਲੋਂ। ਤਸਵੀਰ ਵਿਚ ਪ੍ਰੋ. ਮਨਜਿੰਦਰ ਸਿੰਘ ਜੌਹਲ, ਪ੍ਰੋ. ਵਰਿੰਦਰ ਕੌਰ, ਪ੍ਰੋ. ਅਮਨਦੀਪ ਕੌਰ ਚੀਮਾ, ਡਾ. ਅਮਰੀਕ ਸਿੰਘ, ਪ੍ਰੋ. ਜਸਪ੍ਰੀਤ ਕੌਰ, ਪ੍ਰੋ. ਇੰਦਰਪ੍ਰੀਤ ਸਿੰਘ ਤੇ ਹੋਰ। (ਸੱਜੇ) ਆਨੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਚ ਦੀਵਾਲੀ ਦੇ ਸੰਬੰਧ ਵਿਚ ਹੋਏ ਸਮਾਗਮ ਵਿਚ ਸ੍ਰੀ ਰਮਾਇਣ ਦੇ ਪਾਤਰਾਂ ਦੇ ਕਿਰਦਾਰ ਨਿਭਾਉਣ ਵਾਲੇ ਵਿਦਿਆਰਥੀ ਵਰਿੰਦਰ ਕੁਮਾਰੀ ਆਨੰਦ, ਵਿਕਰਮ ਆਨੰਦ, ਡਾ. ਅਰਵਿੰਦਰ ਸਿੰਘ ਸੇਖੋਂ ਤੇ ਹੋਰ ਸਟਾਫ਼ ਮੈਂਬਰਾਂ ਨਾਲ। ਤਸਵੀਰ. ਤਿਲਕਰਾਜ

# ਦੀਵਾਲੀ ਦਾ ਤਿਉਹਾਰ ਜ਼ਿਲ੍ਹੇ ਦੀਆਂ ਵੱਖ-ਵੱਖ ਵਿੱਦਿਅਕ ਸੰਸਥਾਵਾਂ 'ਚ ਬਹੁਤ ਹੀ ਉਤਸ਼ਾਹ ਨਾਲ ਮਨਾਇਆ

**• ਲਾਇਲਪੁਰ ਖ਼ਾਲਸਾ ਕਾਲਜ ਵਿਚ ਕਰਵਾਏ ਗਏ ਵਿਦਿਆਰਥੀਆਂ ਦੇ ਵੱਖ-ਵੱਖ ਮੁਕਾਬਲੇ • ਇਹ ਤਿਉਹਾਰ ਅੰਧਕਾਰ 'ਤੇ ਪ੍ਰਕਾਸ਼ ਦੀ ਫ਼ਤਿਹ ਦਾ ਤਿਉਹਾਰ ਹੈ-ਪ੍ਰਿੰਸੀਪਲ ਡਾ. ਬਲਦੇਵ ਸਿੰਘ ਢਿੱਲੋਂ**

ਕਪੂਰਥਲਾ, 19 ਅਕਤੂਬਰ (ਅਮਰਜੀਤ ਕੋਮਲ)-ਜ਼ਿਲ੍ਹੇ ਦੀਆਂ ਵੱਖ-ਵੱਖ ਵਿੱਦਿਅਕ ਸੰਸਥਾਵਾਂ ਵਿਚ ਦੀਵਾਲੀ ਦਾ ਤਿਉਹਾਰ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਦੀਵੇ ਤੇ ਪੋਸਟਰ ਬਣਾਉਣ ਦੇ ਮੁਕਾਬਲੇ ਕਰਵਾਏ ਗਏ। ਇਸੇ ਸਬੰਧ ਵਿਚ ਲਾਇਲਪੁਰ ਖ਼ਾਲਸਾ ਕਾਲਜ ਅਰਬਨ ਅਸਟੇਟ ਕਪੂਰਥਲਾ ਦੇ ਰੈੱਡ ਰੀਬਨ ਤੇ ਐਨ.ਐਸ.ਐਸ. ਵਿਭਾਗ ਵਲੋਂ ਇਕ ਸਮਾਗਮ ਕਰਵਾਇਆ ਗਿਆ। ਜਿਸ ਵਿਚ ਵਿਦਿਆਰਥੀਆਂ ਨੇ ਰੰਗੋਲੀ ਦੇ ਵੱਖ-ਵੱਖ ਰੰਗਾਂ, ਰੰਗਦਾਰ ਦੀਵਿਆਂ ਤੇ ਪੋਸਟਰਾਂ ਰਾਹੀਂ ਸਮਾਜ ਨੂੰ ਗਰੀਨ ਦੀਵਾਲੀ ਬਣਾਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਬੋਲਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਬਲਦੇਵ ਸਿੰਘ ਢਿੱਲੋਂ ਨੇ ਕਾਲਜ ਦੇ ਸਟਾਫ਼ ਤੇ ਵਿਦਿਆਰਥੀਆਂ ਨੂੰ ਦੀਵਾਲੀ ਤੇ ਬੰਦ ਛੋੜ ਦਿਵਸ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਤਿਉਹਾਰ ਅੰਧਕਾਰ 'ਤੇ ਪ੍ਰਕਾਸ਼ ਦੀ ਫ਼ਤਿਹ ਦਾ ਤਿਉਹਾਰ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰਦੂਸ਼ਣ ਮੁਕਤ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ। ਦੀਵਾਲੀ ਦੇ ਸਮਾਗਮ ਦੀ ਕੋਆਰਡੀਨੇਟਰ ਪ੍ਰੋ. ਵਰਿੰਦਰ ਕੌਰ ਨੇ ਦੱਸਿਆ ਕਿ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਸਟਾਲ ਲਗਾਏ। ਇਸ ਮੌਕੇ ਵਿਦਿਆਰਥੀਆਂ ਦੇ ਰੰਗੋਲੀ ਬਣਾਉਣ, ਸੁੰਦਰ ਪੋਸ਼ਾਕ ਤੇ ਸੁੰਦਰ ਦੀਵੇ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਜੇਤੂ ਰਹੇ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਡਾ. ਬਲਦੇਵ ਸਿੰਘ ਢਿੱਲੋਂ ਨੇ ਸਨਮਾਨਿਤ ਕੀਤਾ। ਰੈੱਡ ਰੀਬਨ ਕਲੱਬ ਦੇ ਕਨਵੀਨਰ ਪ੍ਰੋ. ਮਨਜਿੰਦਰ ਸਿੰਘ ਜੌਹਲ ਨੇ ਵਿਦਿਆਰਥੀਆਂ ਨੂੰ ਦੀਵਾਲੀ ਦੇ ਮਹੱਤਵ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਸਮਾਗਮ ਵਿਚ ਸ਼ਮੂਲੀਅਤ ਕਰਨ ਲਈ ਕਾਲਜ ਦੇ ਸਟਾਫ਼ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸੀਨੀਅਰ ਅਧਿਆਪਕਾ ਪ੍ਰੋ. ਅਮਨਦੀਪ ਕੌਰ ਚੀਮਾ, ਡਾ. ਅਮਰੀਕ ਸਿੰਘ, ਪ੍ਰੋ. ਜਸਪ੍ਰੀਤ ਕੌਰ, ਪ੍ਰੋ. ਇੰਦਰਪ੍ਰੀਤ ਸਿੰਘ ਤੋਂ ਇਲਾਵਾ ਕਾਲਜ ਦੇ ਸਮੁੱਚਾ ਸਟਾਫ਼ ਹਾਜ਼ਰ ਸੀ।

### ਬਾਬਾ ਦਰਬਾਰਾ ਸਿੰਘ ਕਾਲਜੀਏਟ ਪਬਲਿਕ ਸਕੂਲ ਟਿੱਬਾ ਵਿਚ ਦੀਵਾਲੀ ਸਬੰਧੀ ਸਮਾਗਮ

ਦੀਵਾਲੀ ਸਬੰਧੀ ਬਾਬਾ ਦਰਬਾਰਾ ਸਿੰਘ ਕਾਲਜੀਏਟ ਪਬਲਿਕ ਸਕੂਲ ਟਿੱਬਾ ਵਿਚ ਇਕ ਸਮਾਗਮ ਕਰਵਾਇਆ ਗਿਆ। ਜਿਸ ਵਿਚ ਵਿਦਿਆਰਥੀਆਂ ਨੇ ਭਾਸ਼ਣ, ਕਵਿਤਾ, ਡਾਂਸ ਤੇ ਕੋਰੀਓਗ੍ਰਾਫ਼ੀ ਪੇਸ਼ ਕੀਤੀ। ਇਸ ਮੌਕੇ ਨਰਸਰੀ ਤੋਂ ਲੈ ਕੇ 12ਵੀਂ ਜਮਾਤ ਦੇ ਵਿਦਿਆਰਥੀਆਂ ਦਾ ਗਰੁੱਪਵਾਰ ਦੀਵੇ ਸਜਾਉਣ ਦਾ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਵਿਚ ਨਰਸਰੀ ਤੋਂ ਪਹਿਲੀ ਜਮਾਤ ਦੇ ਵਿਦਿਆਰਥੀਆਂ ਵਿਚੋਂ ਜਸਲੀਨ ਕੌਰ ਨੇ ਪਹਿਲਾ, ਪ੍ਰਨੀਤ ਕੌਰ ਨੇ ਦੂਜਾ ਤੇ ਗੁਰਮਨ ਕੌਰ ਨੇ ਤੀਜਾ, ਦੂਜੀ ਤੋਂ ਪੰਜਵੀਂ ਤੱਕ ਦੇ ਗਰੁੱਪ ਵਿਚ ਹਰਨੂਰ ਕੌਰ ਤੇ ਅਜੈਬੀਰ ਸਿੰਘ ਨੇ ਪਹਿਲਾ, ਪਰਨੀਤ ਕੌਰ ਦੂਜਾ, ਗੁਰਲੀਨ ਕੌਰ ਤੇ ਨਿਮਰਤ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 6ਵੀਂ ਤੋਂ 8ਵੀਂ ਜਮਾਤ ਦੇ ਗਰੁੱਪ ਵਿਚ ਪਰਨੀਤ ਕੌਰ ਪਹਿਲੇ, ਅਰਮਾਨ ਸਿੰਘ ਦੂਜੇ ਤੇ ਗੁਰਲੀਨ ਕੌਰ ਤੀਜੇ ਸਥਾਨ 'ਤੇ ਰਹੀ। 9ਵੀਂ ਤੋਂ 12ਵੀਂ ਜਮਾਤ ਦੇ ਗਰੁੱਪ ਵਿਚ ਪ੍ਰਭਦੀਪ ਕੌਰ ਨੇ ਪਹਿਲਾ, ਮੁਸਕਾਨ ਤੇ ਸਨੇਹਾ ਨੇ ਦੂਜਾ, ਸੁਪ੍ਰੀਤ ਕੌਰ, ਅਵਨੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਹਾਊਸ ਵਾਈਜ਼ ਵਿਦਿਆਰਥੀਆਂ ਨੇ ਰੰਗੋਲੀਆਂ ਵੀ ਬਣਾਈਆਂ। ਇਸ ਤੋਂ ਪਹਿਲਾਂ ਸਟਾਫ਼ ਵਲੋਂ ਦੀਵਾਲੀ ਦੇ ਸ਼ੁੱਭ ਅਵਸਰ 'ਤੇ ਪੂਜਾ ਕੀਤੀ ਗਈ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੋ. ਚਰਨ ਸਿੰਘ, ਮੈਨੇਜਿੰਗ ਡਾਇਰੈਕਟਰ ਡਾ. ਬਲਜੀਤ ਕੌਰ ਨੇ ਸਕੂਲ ਦੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਦੀਵਾਲੀ ਦੀ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਜੇਤੂ ਵਿਦਿਆਰਥੀਆਂ ਨੂੰ ਇਸ ਤਰ੍ਹਾਂ ਦੇ ਹੋਰ ਮੁਕਾਬਲਿਆਂ ਵਿਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਪ੍ਰਬੰਧਕ ਕਮੇਟੀ ਨੇ ਵਿਦਿਆਰਥੀਆਂ ਨੂੰ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ। ਸਕੂਲ ਦੀ ਪ੍ਰਿੰਸੀਪਲ ਮਧੂ ਗੋਸਵਾਮੀ ਨੇ ਦੀਵਾ ਸਜਾਉਣ ਦੇ ਮੁਕਾਬਲੇ ਵਿਚ ਵੱਖ-ਵੱਖ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਸਮਾਗਮ ਨੂੰ ਸਫ਼ਲ ਬਣਾਉਣ ਵਿਚ ਅਧਿਆਪਕਾ ਮੀਨੂੰ ਸ਼ਰਮਾ, ਸੰਜਨਾ, ਹਰਨੀਤ ਕੌਰ, ਅਮਨਪ੍ਰੀਤ ਕੌਰ, ਸ਼ਿਵਾਨੀ, ਰਣਜੀਤ ਕੌਰ, ਹਰਪ੍ਰੀਤ ਕੌਰ, ਸਤਵਿੰਦਰ ਕੌਰ, ਭੁਪਿੰਦਰ ਕੌਰ, ਪਲਵਿੰਦਰ ਕੌਰ, ਮਨਪ੍ਰੀਤ ਕੌਰ, ਮਨਦੀਪ ਕੌਰ, ਰਜਿੰਦਰ ਕੌਰ, ਸੰਦੀਪ ਕੌਰ ਨੇ ਯੋਗਦਾਨ ਪਾਇਆ।

### ਆਨੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਚ ਦੀਵਾਲੀ ਧੂਮਧਾਮ ਨਾਲ ਮਨਾਈ

ਦੀਵਾਲੀ ਦਾ ਤਿਉਹਾਰ ਆਨੰਦ ਪਬਲਿਕ ਸਕੂਲ ਵਿਚ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੇ ਆਰੰਭ ਵਿਚ ਸਕੂਲ ਦੀ ਚੇਅਰਪਰਸਨ ਵਰਿੰਦਰ ਕੁਮਾਰੀ ਆਨੰਦ, ਮੈਨੇਜਿੰਗ ਡਾਇਰੈਕਟਰ ਵਿਕਰਮ ਆਨੰਦ, ਡਾਇਰੈਕਟਰ ਰੁਚੀ ਆਨੰਦ, ਪ੍ਰਿੰਸੀਪਲ ਡਾ. ਅਰਵਿੰਦਰ ਸਿੰਘ ਸੇਖੋਂ, ਉਪ ਪ੍ਰਿੰਸੀਪਲ ਡਾ. ਦੀਪਕ ਅਰੋੜਾ ਤੇ ਸ੍ਰੀਮਤੀ ਰਵਿੰਦਰ ਸੇਖੋਂ ਨੇ ਮਾਤਾ ਲਕਸ਼ਮੀ ਦੀ ਪੂਜਾ ਕੀਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਵਰਿੰਦਰ ਕੁਮਾਰੀ ਆਨੰਦ ਨੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੱਤਾ ਤੇ ਸਕੂਲ ਦੀ ਖ਼ੁਸ਼ਹਾਲੀ ਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਅੰਤਰ ਹਾਊਸ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਦਾ ਰੰਗੋਲੀ ਬਣਾਉਣ ਦਾ ਮੁਕਾਬਲਾ ਕਰਵਾਇਆ ਗਿਆ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਸ੍ਰੀ ਰਮਾਇਣ ਦੇ ਦ੍ਰਿਸ਼ ਪੇਸ਼ ਕੀਤੇ। ਸਕੂਲ ਦੇ ਪ੍ਰਿੰਸੀਪਲ ਡਾ. ਅਰਵਿੰਦਰ ਸਿੰਘ ਸੇਖੋਂ ਤੇ ਉਪ ਪ੍ਰਿੰਸੀਪਲ ਡਾ. ਦੀਪਕ ਅਰੋੜਾ ਨੇ ਸਕੂਲ ਦੇ ਸਟਾਫ਼ ਤੇ ਵਿਦਿਆਰਥੀਆਂ ਨੂੰ ਦੀਵਾਲੀ ਦੀ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਸਕੂਲ ਦੀ ਤਰੱਕੀ ਤੇ ਵਿਦਿਆਰਥੀਆਂ ਦੇ ਰੌਸ਼ਨ ਭਵਿੱਖ ਵਿਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸਮਾਗਮ ਦੀ ਸਫਲਤਾ ਲਈ ਹਾਊਸ ਇੰਚਾਰਜਾਂ ਤੇ ਸਕੂਲ ਦੇ ਅਧਿਆਪਕਾਂ ਦੀ ਸ਼ਲਾਘਾ ਕੀਤੀ। ਪ੍ਰੋਗਰਾਮ ਦਾ ਸੰਚਾਲਨ ਗਤੀਵਿਧੀ ਇੰਚਾਰਜ ਨੇਹਾ ਜੋਸ਼ੀ ਤੇ ਅਧਿਆਪਕਾਂ ਕਰੁਣਾ ਵਲੋਂ ਬਾਖ਼ੂਬੀ ਨਾਲ ਕੀਤਾ ਗਿਆ।

## ਸ਼ਰਾਬ ਸਮੇਤ ਇਕ ਵਿਅਕਤੀ ਕਾਬੂ

ਫਗਵਾੜਾ, 19 ਅਕਤੂਬਰ (ਚਾਨਾ)-ਰਾਵਲਪਿੰਡੀ ਪੁਲਿਸ ਨੇ ਸ਼ਰਾਬ ਸਣੇ ਇੱਕ ਵਿਅਕਤੀ ਨੂੰ ਕਾਬੂ ਕਰਕੇ ਆਬਕਾਰੀ ਐਕਟ ਤਹਿਤ ਕੇਸ ਦਰਜ ਕੀਤਾ ਹੈ। ਐੱਸ.ਐੱਚ.ਓ ਰਾਵਲਪਿੰਡੀ ਮੇਜਰ ਸਿੰਘ ਨੇ ਦੱਸਿਆ ਕਿ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਮਹੇਸ਼ ਮਹਤੋ ਜੋ ਕਿ ਸ਼ਰਾਬ ਵੇਚਣ ਦਾ ਕੰਮ ਕਰਦਾ ਹੈ ਜਿਸ 'ਤੇ ਕਾਰਵਾਈ ਕਰਦਿਆਂ ਪੁਲਿਸ ਨੇ ਮਹਤੋ ਪੁੱਤਰ ਹੁਲਾਸ਼ ਮਹਤੋ ਵਾਸੀ ਥਾਣਾ ਮੇਹਨਵਾੜਾ ਜ਼ਿਲ੍ਹਾ ਉਲੀਪੁਰ ਸਰਹੰਚਿਆ ਬਿਹਾਰ ਨੂੰ ਕਾਬੂ ਕਰਕੇ ਉਸ ਪਾਸੋਂ 8 ਬੋਤਲਾਂ ਸ਼ਰਾਬ ਬਰਾਮਦ ਕੀਤੀਆਂ ਹਨ।

## ਨੌਜਵਾਨ ਦੀ ਅਮਰੀਕਾ 'ਚ ਮੌਤ ਹੋਣ ਨਾਲ ਪਿੰਡ ਪਲਾਹੀ 'ਚ ਸੋਗ ਦੀ ਲਹਿਰ

ਫਗਵਾੜਾ, 19 ਅਕਤੂਬਰ (ਹਰਜੋਤ ਸਿੰਘ ਚਾਨਾ)-ਇੱਥੋਂ ਦੇ ਨਜ਼ਦੀਕੀ ਪਿੰਡ ਪਲਾਹੀ ਦੇ 40 ਸਾਲਾ ਨੌਜਵਾਨ ਦੀ ਅਮਰੀਕਾ 'ਚ ਗੱਡੀ ਦੀ ਫੇਟ ਵੱਜਣ ਕਾਰਨ ਮੌਤ ਹੋ ਗਈ। ਮ੍ਰਿਤਕ ਦੀ ਪਹਿਚਾਣ ਮਨਦੀਪ ਸਿੰਘ ਪੁੱਤਰ ਅਮਰੀਕ ਸਿੰਘ ਵਜੋਂ ਹੋਈ ਹੈ। ਮ੍ਰਿਤਕ ਆਪਣੇ ਪਿੱਛੇ ਵਿਧਵਾ ਪਤਨੀ ਤੇ ਦੋ ਬੱਚੇ ਛੱਡ ਗਏ ਹਨ। ਪ੍ਰਾਪਤ ਜਾਣਕਾਰੀ ਅਨੁਸਾਰ ਦੋ ਸਾਲ ਪਹਿਲਾ ਉਕਤ ਵਿਅਕਤੀ ਏਜੰਟਾਂ ਰਾਹੀਂ ਅਮਰੀਕਾ ਪੁੱਜਾ ਸੀ ਤੇ ਕਿਸੇ ਕੋਲ ਰਹਿ ਰਿਹਾ ਸੀ ਤੇ ਟਰੱਕ ਚਲਾਉਂਦਾ ਸੀ। ਪਰਿਵਾਰਿਕ ਮੈਂਬਰਾਂ ਨੇ ਦੱਸਿਆ ਕਿ ਉਹ ਕੰਮ ਤੋਂ ਵਾਪਸ ਘਰ ਨੂੰ ਜਾ ਰਿਹਾ ਸੀ ਤੇ ਉਸ ਨੂੰ ਕਿਸੇ ਵਾਹਨ ਨੇ ਟੱਕਰ ਮਾਰ ਦਿੱਤਾ, ਜਿਸ ਮਗਰੋਂ ਉਸ ਦੀ ਮੌਤ ਹੋ ਗਈ ਪਰ ਉਸ ਦੀ ਕੋਈ ਪਹਿਚਾਣ ਨਹੀਂ ਹੋ ਸਕੀ। ਦੋ ਦਿਨ ਬੀਤੇ ਜਾਣ ਦੇ ਬਾਅਦ ਉਸ ਦੇ ਸੰਬੰਧੀਆਂ ਵਲੋਂ ਪੁਲਿਸ ਨੂੰ ਗੁੰਮਸ਼ੁਦਗੀ ਦੀ ਦਿੱਤੀ ਸ਼ਿਕਾਇਤ ਤੋਂ ਬਾਅਦ ਉਸ ਦੀ ਪਛਾਣ ਹੋਈ। ਮ੍ਰਿਤਕ ਦਾ ਇੱਕ ਭਰਾ ਇੱਥੇ ਪਲਾਹੀ ਵਿਖੇ ਘਰ 'ਚ ਰਹਿੰਦਾ ਹੈ। ਘਟਨਾ ਦੀ ਸੂਚਨਾ ਮਿਲਦਿਆਂ ਉਨ੍ਹਾਂ ਦੇ ਗ੍ਰਹਿ ਵਿਖੇ ਵੱਡੀ ਗਿਣਤੀ 'ਚ ਲੋਕ ਪੁੱਜੇ ਤੇ ਮ੍ਰਿਤਕ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਪਰਿਵਾਰਿਕ ਸੂਤਰਾਂ ਅਨੁਸਾਰ ਉਸ ਦੀ ਲਾਸ਼ ਭਾਰਤ ਲਿਆਂਦੀ ਜਾਵੇਗੀ ਜਿਸ ਸਬੰਧੀ ਕਾਗ਼ਜ਼ੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਕਾਂਗਰਸੀ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਪਿੰਡ ਦੀ ਸਰਪੰਚ ਬਲਵਿੰਦਰ ਕੌਰ, ਜਤਿੰਦਰਪਾਲ ਸਿੰਘ, ਗੁਰਪਾਲ ਸਿੰਘ, ਮਦਨ ਲਾਲ, ਜੋਧਨ ਸਿੰਘ, ਜਥੇਦਾਰ ਸੁਰਿੰਦਰ ਸਿੰਘ ਕੈਨੇਡਾ, ਸੰਨੀ ਪੰਚ ਨੇ ਵੀ ਮ੍ਰਿਤਕ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਹੈ।



ਮ੍ਰਿਤਕ ਮਨਦੀਪ ਸਿੰਘ ਦੀ ਫਾਈਲ ਫ਼ੋਟੋ।



ਫੂਡ ਵਿੰਗ ਕਪੂਰਥਲਾ ਦੇ ਸਹਾਇਕ ਕਮਿਸ਼ਨਰ ਡਾ. ਹਰਜੋਤਪਾਲ ਸਿੰਘ ਸ਼ਹਿਰ ਵਿਚ ਇਕ ਦੁਕਾਨ ਦੇ ਅਚਾਨਕ ਨਿਰੀਖਣ ਮੌਕੇ ਫੂਡ ਸੇਫਟੀ ਅਫ਼ਸਰ ਮਹਿਕ ਸੈਣੀ ਨਾਲ ਮਠਿਆਈ ਦੀ ਜਾਂਚ ਕਰਦੇ ਹੋਏ। ਤਸਵੀਰ. ਤਿਲਕਰਾਜ

## ਫੂਡ ਵਿੰਗ ਦੀ ਟੀਮ ਨੇ ਵੱਖ-ਵੱਖ ਥਾਵਾਂ ਦਾ ਅਚਾਨਕ ਨਿਰੀਖਣ ਕਰਕੇ ਖਾਣ ਵਾਲੀਆਂ ਵਸਤੂਆਂ ਦੇ 8 ਸੈਂਪਲ ਭਰੇ

**ਦੁਕਾਨਦਾਰਾਂ ਨੂੰ ਮਠਿਆਈ ਢੱਕ ਕੇ ਰੱਖਣ ਦੀ ਹਦਾਇਤ**

ਕਪੂਰਥਲਾ, 19 ਅਕਤੂਬਰ (ਵਿਸ਼ੇਸ਼ ਪ੍ਰਤੀਨਿਧ)-ਫੂਡ ਵਿੰਗ ਵਿਭਾਗ ਕਪੂਰਥਲਾ ਦੀ ਟੀਮ ਨੇ ਸਹਾਇਕ ਕਮਿਸ਼ਨਰ ਫੂਡ ਡਾ. ਹਰਜੋਤਪਾਲ ਸਿੰਘ ਤੇ ਫੂਡ ਸੇਫਟੀ ਅਫ਼ਸਰ ਸ੍ਰੀਮਤੀ ਮਹਿਕ ਸੈਣੀ ਨੇ ਕਪੂਰਥਲਾ ਦੇ ਤਲਵੰਡੀ ਮਹਿਮਾ, ਕਾਲਾ ਸੰਘਿਆਂ ਤੇ ਸ਼ਹਿਰ ਦੇ ਸਦਰ ਬਾਜ਼ਾਰ ਆਦਿ ਖੇਤਰਾਂ ਵਿਚ ਵੱਖ-ਵੱਖ ਦੁਕਾਨਾਂ ਦਾ ਅਚਾਨਕ ਨਿਰੀਖਣ ਕੀਤਾ ਤੇ ਇਨ੍ਹਾਂ ਥਾਵਾਂ ਤੋਂ ਮਸਾਲੇ, ਮਠਿਆਈਆਂ, ਸੁੱਕੇ ਮੇਵੇ ਤੇ ਹੋਰ ਖਾਣ ਪੀਣ ਵਾਲੀਆਂ ਵਸਤੂਆਂ ਦੇ 8 ਸੈਂਪਲ ਭਰੇ ਗਏ ਤੇ ਇਹ ਸੈਂਪਲ ਜਾਂਚ ਲਈ ਸਟੇਟ ਫੂਡ ਲੈਬਾਰਟਰੀ ਖਰੜ ਨੂੰ ਭੇਜ ਦਿੱਤੇ ਗਏ ਹਨ। ਡਾ. ਹਰਜੋਤਪਾਲ ਨੇ ਦੱਸਿਆ ਕਿ ਵਿੰਗ ਨੇ ਦੁਕਾਨਦਾਰਾਂ ਨੂੰ ਹਦਾਇਤ ਕੀਤੀ ਹੈ ਕਿ ਉਹ ਮਠਿਆਈਆਂ ਵਿਚ ਕੇਵਲ ਮਨਜ਼ੂਰਸ਼ੁਦਾ ਰੰਗਾਂ ਦੀ ਵਰਤੋਂ ਕਰਨ ਅਤੇ ਚਟਨੀਆਂ ਵਿਚ ਕਿਸੇ ਵੀ ਭੋਜਨ ਰੰਗ ਦੀ ਵਰਤੋਂ ਨਾ ਕੀਤੀ ਜਾਵੇ। ਟੀਮ ਨੇ ਦੁਕਾਨਦਾਰਾਂ ਨੂੰ ਇਹ ਵੀ ਕਿਹਾ ਕਿ ਉਹ ਮਠਿਆਈਆਂ ਢੱਕ ਕੇ ਰੱਖਣ।

## ਵੱਖ-ਵੱਖ ਸੜਕੀ ਹਾਦਸੇ 'ਚ ਦੋ ਵਿਅਕਤੀਆਂ ਦੀ ਮੌਤ ਹੋਣ ਸੰਬੰਧੀ ਕੇਸ ਦਰਜ

ਫਗਵਾੜਾ, 19 ਅਕਤੂਬਰ (ਹਰਜੋਤ ਸਿੰਘ ਚਾਨਾ)-ਕੈਂਟਰ ਵਲੋਂ ਟੱਕਰ ਮਾਰਨ ਕਾਰਨ ਈ-ਰਿਕਸ਼ਾ 'ਚ ਸਵਾਰ ਵਿਅਕਤੀ ਦੀ ਹੋਈ ਮੌਤ ਦੇ ਸਬੰਧ 'ਚ ਰਾਵਲਪਿੰਡੀ ਪੁਲਿਸ ਨੇ ਅਣਪਛਾਤੇ ਵਿਅਕਤੀ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਸ਼ਿਕਾਇਤ ਕਰਤਾ ਧਰਮਜੀਤ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਰਿਹਾਣਾ ਜੱਟਾਂ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਹ ਆਪਣਾ ਕੰਮ ਫ਼ੈਕਟਰੀ ਤੋਂ ਖ਼ਤਮ ਕਰਕੇ ਵਾਪਸ ਆ ਰਿਹਾ ਸੀ ਤੇ ਉਸ ਦਾ ਭਤੀਜਾ ਅਮਨਦੀਪ ਸ਼ਰਮਾ ਵੀ ਆਪਣਾ ਕੰਮ ਖ਼ਤਮ ਕਰਕੇ ਈ-ਰਿਕਸ਼ਾ ਤੇ ਸਵਾਰ ਹੋ ਕੇ ਵਾਪਸ ਆ ਰਿਹਾ ਸੀ ਜਦੋਂ ਉਹ ਰਿਹਾਣਾ ਜੱਟਾਂ ਲਾਗੇ ਪੁੱਜਾ ਤਾਂ ਸਾਹਮਣੇ ਤੋਂ ਬੰਦ ਬਾਡੀ ਕੈਂਟਰ ਆਇਆ ਤੇ ਲਾਪਰਵਾਹੀ ਨਾਲ ਗ਼ਲਤ ਸਾਈਡ ਤੋਂ ਈ-ਰਿਕਸ਼ਾ ਨੂੰ ਟੱਕਰ ਮਾਰ ਦਿੱਤੀ, ਜਿਸ ਨਾਲ ਉਸ ਦੇ ਭਤੀਜੇ ਅਮਨਦੀਪ ਸ਼ਰਮਾ ਦੇ ਗੰਭੀਰ ਸੱਟਾਂ ਲੱਗੀਆਂ ਤੇ ਉਸ ਦੀ ਮੌਤ ਹੋ ਗਈ। ਜਿਸ ਸਬੰਧ 'ਚ ਪੁਲਿਸ ਨੇ ਅਣਪਛਾਤੇ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਇਸੇ ਤਰ੍ਹਾਂ ਮੋਟਰਸਾਈਕਲ ਤੇ ਟਰੱਕ ਦੀ ਹੋਈ ਟੱਕਰ ਦੌਰਾਨ ਇਕ ਨੌਜਵਾਨ ਦੀ ਮੌਤ ਹੋਣ ਦੇ ਸਬੰਧ 'ਚ ਸਦਰ ਪੁਲਿਸ ਨੇ ਟਰੱਕ ਡਰਾਈਵਰ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਸ਼ਿਕਾਇਤ ਕਰਤਾ ਕਮਲਜੀਤ ਕੁਮਾਰ ਪੁੱਤਰ ਮੰਗਤ ਰਾਮ ਵਾਸੀ ਅਮਰੀਕ ਨਗਰੀ ਨੇ ਦੱਸਿਆ ਕਿ 17 ਅਕਤੂਬਰ ਨੂੰ ਉਹ ਆਪਣੇ ਪਿੰਡ ਦੇ ਲੜਕੇ ਗੁਰਜੀਤ ਸਿੰਘ ਨਾਲ ਮੋਟਰਸਾਈਕਲ ਤੇ ਸਵਾਰ ਹੋ ਕੇ ਜਲੰਧਰ ਤੋਂ ਘਰ ਨੂੰ ਆ ਰਹੇ ਸੀ ਜਦੋਂ ਉਹ ਨੰਗਲ ਮੱਝਾਂ ਗੇਟ ਸਾਹਮਣੇ ਪੁੱਜੇ ਤਾਂ ਇੱਕ ਟਰੱਕ ਟਿੱਪਰ ਦੇ ਡਰਾਈਵਰ ਨੇ ਨੰਗਲ ਮੱਝਾਂ ਵੱਲ ਸਲਿਪ ਰੋਡ ਨੂੰ ਯੂ ਟਰਨ ਮੁੜਨਾ ਸੀ ਤੇ ਟਰੱਕ ਡਰਾਈਵਰ ਨੇ ਬਰੇਕ ਮਾਰ ਦਿੱਤੀ, ਜਿਸ ਨਾਲ ਗੁਰਜੀਤ ਸਿੰਘ ਦਾ ਮੋਟਰਸਾਈਕਲ ਟਿੱਪਰ ਦੇ ਹੇਠਾਂ ਜਾ ਵੱਜਾ ਜਿਸ ਨਾਲ ਉਸ ਦੇ ਸਿਰ 'ਚ ਸੱਟ ਲੱਗੀ ਤੇ ਹੋਰ ਸਰੀਰ ਤੇ ਸੱਟਾਂ ਲੱਗੀਆਂ ਜਿਸ ਨਾਲ ਗੁਰਜੀਤ ਦੀ ਮੌਤ ਹੋ ਗਈ। ਜਿਸ ਸਬੰਧ 'ਚ ਪੁਲਿਸ ਨੇ ਦਰਬਾਰਾ ਸਿੰਘ ਪੁੱਤਰ ਕੇਸਰ ਸਿੰਘ ਵਾਸੀ ਚੌਂਤਾ ਖ਼ਿਲਾਫ਼ ਕੇਸ ਦਰਜ ਕੀਤਾ ਹੈ।

## ਹਰਸਿਮਰਨ ਸਿੰਘ ਘੁੰਮਣ ਵਲੋਂ ਮੁਆਵਜ਼ਾ ਰਾਸ਼ੀ ਦੀ ਵੰਡ

ਨਡਾਲਾ, 19 ਅਕਤੂਬਰ (ਰਘਬਿੰਦਰ ਸਿੰਘ)-ਭੁਲੱਥ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਵਲੋਂ ਅੱਜ ਭੁਲੱਥ ਖੇਤਰ ਦੇ ਹੜ੍ਹ ਪ੍ਰਭਾਵਿਤ ਪਿੰਡ ਮੰਡ ਕਮਾਲਪੁਰ, ਮੰਡ ਧੱਕਰਾਂ, ਮੰਡ ਤਲਵੰਡੀ ਕੂਕਾਂ, ਮੰਡ ਅਸਲਾਮਪੁਰ, ਮੰਡ ਅਹਿਮਦਵਾਲਾ ਤੇ ਮੰਡ ਬਾਘੂਪੁਰੀਆਂ ਦੇ ਕਿਸਾਨਾਂ ਨੂੰ ਮੁਆਵਜ਼ਾ ਰਾਸ਼ੀ ਵੰਡੀ ਗਈ। ਉਨ੍ਹਾਂ ਦੱਸਿਆ ਕਿ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਲੋਕਾਂ ਨੂੰ ਉਨ੍ਹਾਂ ਦੀਆਂ ਫ਼ਸਲਾਂ ਦੇ ਹੋਏ ਨੁਕਸਾਨ ਅਨੁਸਾਰ ਤੈਅ ਕੀਤੀ ਗਈ ਮੁਆਵਜ਼ਾ ਰਾਸ਼ੀ ਦਿੱਤੀ ਜਾ ਰਹੀ ਹੈ। ਇਨ੍ਹਾਂ ਪਿੰਡਾਂ ਅੰਦਰ ਮੁਆਵਜ਼ਾ ਰਾਸ਼ੀ ਦੇ ਮਨਜ਼ੂਰੀ ਪੱਤਰ ਵੰਡੇ ਜਾ ਰਹੇ ਹਨ ਤੇ ਰਾਸ਼ੀ ਕਿਸਾਨਾਂ ਦੇ ਖਾਤਿਆਂ ਵਿਚ ਪਾ ਦਿੱਤੀ ਗਈ ਹੈ, ਜਦੋਂ ਕਿ ਬਾਕੀ ਰਹਿੰਦੇ ਹੜ੍ਹ ਪ੍ਰਭਾਵਿਤ ਖੇਤਰਾਂ ਦੀ ਵਿਸ਼ੇਸ਼ ਗਿਰਦਾਵਰੀ ਮੁਕੰਮਲ ਹੋ ਚੁੱਕੀ ਹੈ ਤੇ ਜਲਦ ਹੀ ਪ੍ਰਭਾਵਿਤ ਲੋਕਾਂ ਦੇ ਬੈਂਕ ਖਾਤਿਆਂ ਵਿਚ ਮੁਆਵਜ਼ਾ ਰਾਸ਼ੀ ਪਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਇਹ ਪਹਿਲੀ ਸਰਕਾਰ ਹੈ, ਜੋ ਕਿਸਾਨਾਂ ਨੂੰ ਫ਼ਸਲਾਂ ਦੇ ਮੁਆਵਜ਼ੇ ਵਜੋਂ 20 ਹਜ਼ਾਰ ਰੁਪਏ ਪ੍ਰਤੀ ਏਕੜ ਦੇ ਰਹੀ ਹੈ ਤੇ ਉਹ ਵੀ ਨੁਕਸਾਨ ਹੋਣ ਦੇ ਸਿਰਫ਼ ਇਕ ਡੇਢ ਮਹੀਨੇ ਦੇ ਅੰਦਰ ਅੰਦਰ ਵੰਡੀ ਜਾ ਰਹੀ ਹੈ ਤਾਂ ਕਿ ਲੋਕਾਂ ਨੂੰ ਹੋਏ ਭਾਰੀ ਨੁਕਸਾਨ ਤੋਂ ਕੁੱਝ ਰਾਹਤ ਦਿਵਾਈ ਜਾ ਸਕੇ। ਹਲਕਾ ਇੰਚਾਰਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦੀ ਹਿਤੈਸ਼ੀ ਸਰਕਾਰ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਲੋਕਾਂ ਦਾ ਦਰਦ ਚੰਗੀ ਤਰ੍ਹਾਂ ਜਾਣਦੇ ਹਨ ਤੇ ਉਸੇ ਅਨੁਸਾਰ ਹੀ ਲੋਕ ਹਿਤ ਵਿਚ ਕੰਮ ਕਰ ਰਹੇ ਹਨ। ਇਸ ਮੌਕੇ ਸਰਪੰਚ ਤਲਵੰਡੀ ਹਰਜਿੰਦਰ ਸਿੰਘ, ਸਰਪੰਚ ਮੰਡ ਤਲਵੰਡੀ ਸਤਨਾਮ ਸਿੰਘ, ਪ੍ਰੀਤਮ ਸਿੰਘ ਤੇ ਹੋਰ ਹਾਜ਼ਰ ਸਨ।



ਹਲਕਾ ਇੰਚਾਰਜ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨੂੰ ਮੁਆਵਜ਼ਾ ਰਾਸ਼ੀ ਦੀ ਵੰਡ ਕਰਦੇ ਹੋਏ। ਤਸਵੀਰ. ਰਘਬਿੰਦਰ ਸਿੰਘ

## ਸੰਤ ਬਾਬਾ ਖੜਗ ਸਿੰਘ ਦੰਦੂਪੁਰ ਦੀ ਯਾਦ 'ਚ ਇਕ ਰੋਜ਼ਾ ਕਬੱਡੀ ਟੂਰਨਾਮੈਂਟ 29 ਨੂੰ

ਤਲਵੰਡੀ ਚੌਧਰੀਆਂ, 19 ਅਕਤੂਬਰ (ਪਰਸਨ ਲਾਲ ਭੋਲਾ)-ਸੰਤ ਬਾਬਾ ਖੜਗ ਸਿੰਘ ਜੀ ਸਪੋਰਟਸ ਕਲੱਬ ਦੰਦੂਪੁਰ ਵੱਲੋਂ ਬ੍ਰਹਮ ਗਿਆਨੀ ਸੰਤ ਬਾਬਾ ਖੜਗ ਸਿੰਘ ਦੀ ਯਾਦ ਨੂੰ ਸਮਰਪਿਤ ਬਾਬਾ ਹਰਜੀਤ ਸਿੰਘ ਮੁੱਖ ਸੇਵਾਦਾਰ ਦਮਦਮਾ ਸਾਹਿਬ ਠੱਟਾ ਵਾਲਿਆਂ ਦੀ ਰਹਿਨੁਮਾਈ ਹੇਠ 29 ਅਕਤੂਬਰ ਦਿਨ ਬੁੱਧਵਾਰ ਨੂੰ ਇੱਕ ਰੋਜ਼ਾ ਕਬੱਡੀ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਖੜਗ ਸਿੰਘ ਸਪੋਰਟਸ ਕਲੱਬ ਦੇ ਸੀਨੀਅਰ ਮੈਂਬਰ ਮਾਸਟਰ ਹਰਜਿੰਦਰ ਸਿੰਘ, ਡਾ. ਅਮਰਜੀਤ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਟੂਰਨਾਮੈਂਟ ਵਿਚ ਭਾਗ ਲੈਣ ਵਾਲੀਆਂ ਟੀਮਾਂ ਵਿਚ ਬੇ ਆਫ਼ ਪੈਨਲਟੀ ਕਬੱਡੀ ਕਲੱਬ ਨਿਊਜ਼ੀਲੈਂਡ, ਬਾਬਾ ਹਸਤਨਾ ਸਾਹਿਬ ਕਬੱਡੀ ਕਲੱਬ ਖੀਰਾਂਵਾਲੀ, ਗੁਰੂ ਤੇਗ ਬਹਾਦਰ ਕਬੱਡੀ ਕਲੱਬ ਲੂਨੇਬਰਗ ਜਰਮਨੀ, ਨਾਨਕਸਰ ਲਾਇੰਸ ਕਬੱਡੀ ਕਲੱਬ ਗੁਰਦਾਸਪੁਰ, ਮਾਲਵਾ ਲਾਇੰਸ ਕਬੱਡੀ ਕਲੱਬ, ਬਾਬਾ ਸ਼ੰਕਰਪੁਰੀ ਕਬੱਡੀ ਕਲੱਬ ਸਾਧੂਵਾਲ ਭਾਗ ਲੈਣਗੀਆਂ। ਟੂਰਨਾਮੈਂਟ ਦੀਆਂ ਜੇਤੂ ਟੀਮਾਂ ਨੂੰ ਬਾਬਾ ਹਰਜੀਤ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਦਮਦਮਾ ਸਾਹਿਬ ਆਪਣੇ ਕਰ ਕਮਲਾ ਨਾਲ ਟੀਮਾਂ ਨੂੰ ਇਨਾਮ ਤਕਸੀਮ ਕਰਨਗੇ। ਟੂਰਨਾਮੈਂਟ ਦੀ ਜੇਤੂ ਟੀਮ ਨੂੰ 81000 ਤੇ ਉਪ ਜੇਤੂ ਟੀਮ ਨੂੰ 61000 ਰੁਪਏ ਨਾਲ ਨਿਵਾਜਿਆ ਜਾਵੇਗਾ, ਜਦਕਿ ਬੈੱਸਟ ਜਾਫੀ ਤੇ ਰੇਡਰ ਨੂੰ ਵਾਸ਼ਿੰਗ ਮਸ਼ੀਨਾਂ ਦੇ ਕੇ ਉਤਸ਼ਾਹਿਤ ਕੀਤਾ ਜਾਵੇਗਾ। ਗੁਰੂ ਕੇ ਲੰਗਰ ਅਤੁੱਟ ਵਰਤਾਏ ਜਾਣਗੇ।

## 'ਅਜੀਤ' ਉਪ ਦਫ਼ਤਰ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

**ਕਪੂਰਥਲਾ**

ਸ੍ਰੀ ਅਮਰਜੀਤ ਕੋਮਲ — 98159-49153
ਬੂਥ ਨੰ: 4, 5, ਪਹਿਲੀ ਮੰਜ਼ਿਲ — 01822-225190
ਇੰਪਰੂਵਮੈਂਟ ਟਰੱਸਟ ਮਾਰਕੀਟ — 500114
ਮਾਡਲ ਟਾਊਨ, ਕਾਂਜਲੀ ਰੋਡ




